


ਰੋਜ਼ਾਨਾ
ਸੱਚ ਤੇ ਨਿਡਰ ਆਵਾਜ

# ਲੋਕ ਬਾਣੀ

Email : lokbani08@gmail.com
1 ਫਰਵਰੀ 2023
ਮੁੱਖ ਸੰਪਾਦਕ : - ਅਮਨ ਮਹਿਰਾ (ਜਲੰਧਰ)




R.N.I. /Punpun/29016/2008/ ● ਸਾਲ : 15 ● ਅੰਕ : 34 ● ਮੁੱਲ : 5.00 ਰੁਪਏ ● ਕੁੱਲ ਪੇਜ : 10 ● ਫੈਕਸ: 0181-2211009, 99155-94111

Ambulance Service 24hrs.
SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgieries, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

## ਕੈਨੇਡਾ ਦੇ ਮੰਦਰ ’ਤੇ ਲਿਖੇ ਗਏ ਖਾਲਿਸਤਾਨੀ ਨਾਅਰੇ

**ਓਟਾਵਾ/ਲੋਕ ਬਾਣੀ**

ਕੈਨੇਡਾ ਦੇ ਸ਼ਹਿਰ ਬਰੈਂਪਟਨ ‘ਚ ਸਥਿਤ ਮਸ਼ਹੂਰ ਹਿੰਦੂ ਮੰਦਰ ਦੀਆਂ ਕੰਧਾਂ ‘ਤੇ ਖਾਲਿਸਤਾਨੀ ਨਾਅਰੇ ਲਿਖਣ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਕਾਰਨ ਕੈਨੇਡਾ ‘ਚ ਰਹਿੰਦੇ ਭਾਰਤੀ ਭਾਈਚਾਰੇ ‘ਚ ਭਾਰੀ ਰੋਸ ਹੈ। ਇਸ ‘ਤੇ ਟੋਰਾਂਟੋ ਸਥਿਤ ਭਾਰਤ ਦੇ ਕੌਂਸਲੇਟ ਜਨਰਲ ਨੇ ਬਰੈਂਪਟਨ ਦੇ ਪ੍ਰਸਿੱਧ ਗੌਰੀ ਸ਼ੰਕਰ ਮੰਦਰ ਦੀ ਭੰਨਤੋੜ ਅਤੇ ਮੰਦਰ ਦੀਆਂ ਕੰਧਾਂ ‘ਤੇ ਖਾਲਿਸਤਾਨੀ ਨਾਅਰੇ ਲਿਖਣ ਦੀ ਘਟਨਾ ਦੀ ਨਿਖੇਧੀ ਕੀਤੀ।ਕੈਨੇਡੀਅਨ ਅਧਿਕਾਰੀ ਫਿਲਹਾਲ ਇਸ ਘਟਨਾ ਦੀ ਜਾਂਚ ਕਰ ਰਹੇ ਹਨ। ਦੱਸ ਦੇਈਏ ਕਿ ਕੈਨੇਡਾ ‘ਚ ਹਿੰਦੂ ਮੰਦਰ ‘ਤੇ ਹਮਲੇ ਦੀ ਇਹ ਪਹਿਲੀ ਘਟਨਾ ਨਹੀਂ ਹੈ, ਇਸ ਤੋਂ ਪਹਿਲਾਂ ਪਿਛਲੇ ਸਾਲ ਜੁਲਾਈ ‘ਚ ਵੀ ਕੈਨੇਡਾ ‘ਚ ਅਜਿਹੇ ਕਈ ਮਾਮਲੇ ਸਾਹਮਣੇ ਆਏ ਸਨ।





ਖਾਲਿਸਤਾਨ ਸਮਰਥਕਾਂ ਵੱਲੋਂ ਕੈਨੇਡਾ ‘ਚ ਭਾਰਤੀ ਭਾਈਚਾਰੇ ‘ਤੇ ਹਮਲਿਆਂ ਦੀਆਂ ਕਈ ਘਟਨਾਵਾਂ ਵਾਪਰ ਚੁੱਕੀਆਂ ਹਨ, ਜਿਨਾਂ ਨੂੰ ਭਾਰਤੀ ਅਧਿਕਾਰੀਆਂ ਨੇ ਕੈਨੇਡਾ ਸਰਕਾਰ ਕੋਲ ਉਠਾਇਆ ਹੈ। ਕੈਨੇਡਾ ਵਿੱਚ ਹੀ ਨਹੀਂ ਸਗੋਂ ਆਸਟਰੇਲੀਆ ਵਿੱਚ ਵੀ ਤਿੰਨ ਹਿੰਦੂ ਮੰਦਰਾਂ ਵਿੱਚ ਭੰਨਤੋੜ ਕਰਨ ਅਤੇ ਉਨਾਂ ਦੀਆਂ ਕੰਧਾਂ ‘ਤੇ ਭਾਰਤ ਵਿਰੋਧੀ ਨਾਅਰੇ ਲਿਖਣ ਦੀਆਂ ਘਟਨਾਵਾਂ ਵਾਪਰੀਆਂ ਹਨ।

## ਪੰਜਾਬ ਵਿੱਚ ਨਸ਼ੇ ਕਾਰਨ ਹੋਈ ਇੱਕ ਹੋਰ ਨੌਜਵਾਨ ਦੀ ਮੌਤ

**ਝਬਾਲ/ਲੋਕ ਬਾਣੀ**

ਥਾਣਾ ਝਬਾਲ ਅਧੀਨ ਆਉਂਦੇ ਪਿੰਡ ਮੂਸੇ ਵਿਖੇ ਨਸ਼ੇ ਦੀ ਓਵਰਡੋਜ਼ ਨਾਲ ਮੌਤ ਹੋ ਗਈ। ਮ੍ਰਿਤਕ ਭੁਪਿੰਦਰ ਸਿੰਘ ਦੇ ਪਿਤਾ ਮਹਿੰਦਰ ਸਿੰਘ ਨੇ ਦੱਸਿਆ ਕਿ ਉਸ ਦਾ ਪੁੱਤਰ ਨਸ਼ੇ ਕਰਨ ਦਾ ਆਦੀ ਸੀ। ਬੀਤੀ ਰਾਤ ਨਸ਼ੇ ਦੀ ਵੱਧ ਡੋਜ਼ ਲੈਣ ਨਾਲ ਉਸ ਦੀ ਮੌਤ ਹੋ ਗਈ।



## ਪਾਕਿ ਦੇ ਪੇਸ਼ਾਵਰ ਵਿੱਚ ਹੋਇਆ ਇਕ ਹੋਰ ਧਮਾਕਾ




**ਇਸਲਾਮਾਬਾਦ/ਲੋਕ ਬਾਣੀ**

ਪਾਕਿਸਤਾਨ ਵਿੱਚ ਇੱਕ ਵਾਰ ਫਿਰ ਵੱਡਾ ਧਮਾਕਾ ਹੋਇਆ ਹੈ । ਦਰਅਸਲ ਹੁਣ ਪਾਕਿਸਤਾਨ ਦੇ ਪੇਸ਼ਾਵਰ ਦੇ ਵਿੱਚ ਪੁਲਿਸ ਲਾਈਨ ਮਸਜਿਦ ਵਿੱਚ ਇੱਕ ਬਲਾਸਟ ਹੋਇਆ ਹੈ। ਪਾਕਿਸਤਾਨ ਦੇ ਮਸ਼ਹੂਰ ਅਖਬਾਰ ਡਾਨ ਦੇ ਮੁਤਾਬਕ ਇਹ ਧਮਾਕਾ ਪਾਕਿਸਤਾਨ ਦੇ ਪੇਸ਼ਾਵਰ ਦੇ ਪੁਲਿਸ ਲਾਈਨ ਇਲਾਕੇ ਵਿਖੇ ਇੱਕ ਮਸਜਿਦ ਦੇ ਵਿੱਚ ਨਮਾਜ਼ ਅਤਾ ਕਰਨ ਦੇ ਮੌਕੇ ਹੋਇਆ ਹੈ । ਮਿਲੀ ਜਾਣਕਾਰੀ ਦੇ ਮੁਤਾਬਕ ਜ਼ੁਹਰ ਦੀ ਨਮਾਜ਼ ਤੋਂ ਬਾਅਦ ਇੱਕ ਆਤਮਘਾਤੀ ਨੇ ਖੁਦ ਨੂੰ ਬਲਾਸਟ ਕਰ ਲਿਆ। ਇਸ ਧਮਾਕੇ ਦੌਰਾਨ 28 ਲੋਕਾਂ ਦੀ ਮੌਤ ਹੋ ਗਈ ਹੈ ਜਦਕਿ 150 ਲੋਕ ਜ਼ਖਮੀ ਹੋ ਗਏ ਹਨ। ਇਸ ਧਮਾਕੇ ਸਬੰਧੀ ਪਾਕਿਸਤਾਨ ਦੇ ਅਖਬਾਰ ਡਾਨ ਮੁਤਾਬਕ ਧਮਾਕਾ ਇਹ ਧਮਾਕਾ ਸੋਮਵਾਰ ਦੁਪਹਿਰ ਨੂੰ ਪੇਸ਼ਾਵਰ ਦੇ ਪੁਲਿਸ ਲਾਈਨ ਇਲਾਕੇ ਦੇ ਵਿੱਚ ਹੋਇਆ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਧਮਾਕਾ ਇੱਕ ਮਸਜਿਦ ਦੇ ਵਿੱਚ ਹੋਇਆ ਹੈ। ਇਸ ਬਲਾਸਟ ਦੇ ਦੌਰਾਨ ਘੱਟ ਤੋਂ ਘੱਟ 150 ਲੋਕ ਜ਼ਖਮੀ ਹੋ ਗਏ ਹਨ ਜਦਕਿ 28 ਲੋਕਾਂ ਦੀ ਮੌਤ ਹੋ ਗਈ ਹੈ ।

## ਸ਼ੰਕਰ ਮਿਸ਼ਰਾ ਨੂੰ ਏਅਰ ਇੰਡੀਆ ਮਾਮਲੇ ’ਚ ਮਿਲੀ ਜਮਾਨਤ



**ਨਵੀਂ ਦਿੱਲੀ/ਕਪੂਰ**

ਪਟਿਆਲਾ ਹਾਊਸ ਕੋਰਟ ਨੇ ਪਿਛਲੇ ਸਾਲ 26 ਨਵੰਬਰ ਨੂੰ ਨਿਊਯਾਰਕ ਤੋਂ ਨਵੀਂ ਦਿੱਲੀ ਜਾ ਰਹੀ ਏਅਰ ਇੰਡੀਆ ਦੀ ਫਲਾਈਟ ‘ਚ ਸਵਾਰ ਇਕ ਔਰਤ ਨਾਲ ਕਥਿਤ ਤੌਰ ‘ਤੇ ਬਦਸਲੂਕੀ ਕਰਨ ਦੇ ਦੋਸ਼ੀ ਸ਼ੰਕਰ ਮਿਸ਼ਰਾ ਨੂੰ ਜ਼ਮਾਨਤ ਦੇ ਦਿੱਤੀ ਹੈ। ਉਸ ਨੂੰ ਦਿੱਲੀ ਪੁਲਿਸ ਨੇ 6 ਜਨਵਰੀ ਨੂੰ ਗ੍ਰਿਫ਼ਤਾਰ ਕੀਤਾ ਸੀ।

## ਆਂਧਰਾ ਪ੍ਰਦੇਸ਼ ਦੀ ਨਵੀਂ ਰਾਜਧਾਨੀ ਬਣੀ ਵਿਸ਼ਾਖਾਪਟਨਮ



**ਦਿੱਲੀ/ਕਪੂਰ**

ਮੁੱਖ ਮੰਤਰੀ ਵਾਈ.ਐਸ. ਜਗਨ ਮੋਹਨ ਰੈਂਡੀ ਨੇ ਅੱਜ ਵਿਸ਼ਾਖਾਪਟਨਮ ਨੂੰ ਆਂਧਰਾ ਪ੍ਰਦੇਸ਼ ਦੀ ਨਵੀਂ ਰਾਜਧਾਨੀ ਬਣਾਉਣ ਦਾ ਐਲਾਨ ਕੀਤਾ ਹੈ। ਰੈਂਡੀ ਨੇ ਅੱਜ ਰਾਸ਼ਟਰੀ ਰਾਜਧਾਨੀ ਵਿਚ ਅੰਤਰਰਾਸ਼ਟਰੀ ਨਿਵੇਸ਼ਕਾਂ ਦੀ ਮੀਟਿੰਗ ਦੌਰਾਨ ਇਹ ਐਲਾਨ ਕੀਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਆਉਣ ਵਾਲੇ ਦਿਨਾਂ ਵਿਚ ਵਿਸ਼ਾਖਾਪਟਨਮ ਤੋਂ ਸੂਬੇ ਦਾ ਸ਼ਾਸਨ ਸ਼ੁਰੂ ਕਰਨਗੇ।

## ਬਲਾਤਕਾਰ ਦੇ ਦੋਸ਼ ਵਿਚ ਆਸਾਰਾਮ ਨੂੰ ਹੋਈ ਉਮਰ ਕੈਦ



**ਦਿੱਲੀ/ਕਪੂਰ**

ਆਸਾਰਾਮ ਨੂੰ ਬਲਾਤਕਾਰ ਦੇ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਹੈ। ਕੱਲ ਹੀ ਗੁਜਰਾਤ ਦੀ ਸੈਸ਼ਨ ਕੋਰਟ ਨੇ ਇਸ ਮਾਮਲੇ ਦੀ ਸੁਣਵਾਈ ਕੀਤੀ ਸੀ। ਹੁਣ ਇਸੇ ਕੜੀ ‘ਚ ਅੱਜ ਫੈਸਲਾ ਸੁਣਾਇਆ ਗਿਆ ਹੈ। ਇਸ ਤੋਂ ਪਹਿਲਾਂ ਆਸਾਰਾਮ ਬਲਾਤਕਾਰ ਦੇ ਇੱਕ ਹੋਰ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਹੈ। ਅਜਿਹੇ ‘ਚ ਇਕ ਵਾਰ ਫਿਰ ਦੋਸ਼ੀ ਸਾਬਤ ਹੋਣ ਨਾਲ ਉਸ ਦੀਆਂ ਮੁਸ਼ਕਿਲਾਂ ਵਧਣ ਵਾਲੀਆਂ ਹਨ।

## ਅੱਜ ਬਣਨਗੇ ਅਮਰਪ੍ਰੀਤ ਸਿੰਘ ਹਵਾਈ ਸੈਨਾ ਦੇ ਮੁਖੀ



**ਦਿੱਲੀ/ਖਾਲਸਾ**

ਏਅਰ ਮਾਰਸ਼ਲ ਅਮਰਪ੍ਰੀਤ ਸਿੰਘ ਹਵਾਈ ਸੈਨਾ ਦੇ ਨਵੇਂ ਉਪ ਮੁਖੀ ਵਜੋਂ ਭਲਕੇ ਅਹੁਦਾ ਸੰਭਾਲਣਗੇ। ਉਹ ਅੱਜ ਸੇਵਾਮੁਕਤ ਹੋ ਰਹੇ ਏਅਰ ਮਾਰਸ਼ਲ ਸੰਦੀਪ ਸਿੰਘ ਦੀ ਥਾਂ ਲੈਣਗੇ।

ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ

ਲੋਕ ਬਾਣੀ ਸੰਗਮ ਕੰਪਕੈਲਸ, ਮਿਲਾਪ ਚੌਕ ਜਲੰਧਰ 99155-94111